# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 25-09-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਵਿਸ਼ਵਵਿਆਪੀ ਰੁਕਾਵਟਾਂ ਅਤੇ ਅਨਿਸ਼ਚਿਤਤਾਵਾਂ ਦੇ ਬਾਵਜੂਦ ਭਾਰਤ ਦਾ ਵਿਕਾਸ ਸ਼ਾਨਦਾਰ ਰਿਹਾ ਹੈ। ਅੱਜ ਸਵੇਰੇ ਗ੍ਰੇਟਰ ਨੋਇਡਾ ਵਿੱਚ ਉੱਤਰ ਪ੍ਰਦੇਸ਼ ਅੰਤਰਰਾਸ਼ਟਰੀ ਡਰੇਡ ਸ਼ੋਅ ਦਾ ਉਦਘਾਟਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਰੁਕਾਵਟਾਂ ਦੇਸ਼ ਨੂੰ ਭਟਕਾਉਂਦੀਆਂ ਨਹੀਂ, ਸਗੋਂ ਨਵੀਂ ਦਿਸ਼ਾ ਅਤੇ ਮੌਕੇ ਪ੍ਰਦਾਨ ਕਰਦੀਆਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਰੁਕਾਵਟਾਂ ਦੇਰਮਿਆ, ਅੱਜ ਭਾਰਤ ਆਉਣ ਵਾਲੇ ਦਹਾਕਿਆਂ ਲਈ ਨੀਂਹ ਨੂੰ ਮਜ਼ਬੂਤ ਕਰ ਰਿਹਾ ਏ ਅਤੇ ਇਸ ਵਿਚ ਦੇਸ਼ ਦਾ ਅਹਿਦ, ਆਦਮ ਨਿਰਭਰ ਭਾਰਤ ਦਾ ਮੰਤਰ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੂੰ ਸਵੈ-ਨਿਰਭਰ ਬਣਨਾ ਚਾਹੀਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਮੇਕ ਇਨ ਇੰਡੀਆ 'ਤੇ ਧਿਆਨ ਕੇਂਦਰਿਤ ਕਰ ਰਹੀ ਏ ਅਤੇ ਚਿਪਸ ਤੋਂ ਜਹਾਜ਼ ਤੱਕ ਬਣਾਉਣ ਦਾ ਟੀਚਾ ਰੱਖਦੀ ਏ

Byte

---

ਪੰਜਾਬ ਕੈਬਨਿਟ ਨੇ ਸੂਬੇ ਦੇ ਕਾਰੋਬਾਰ ਨੂੰ ਹੁਲਾਰਾ ਦੇਣ ਵਾਸਤੇ ਅੱਜ ਕਈ ਅਹਿਮ ਪਹਿਲਕਦਮੀਆਂ ਉੱਤੇ ਮੋਹਰ ਲਾਈ ਏ। ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਵਧੇਰੇ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਕੈਬਨਿਟ ਨੇ ਪੁਰਾਣੇ ਕੇਸਾਂ ਦਾ ਬੋਝ ਘਟਾਉਣ ਅਤੇ ਸਨਅਤ ਤੇ ਕਾਰੋਬਾਰਾਂ ਲਈ ਨਿਯਮਾਂ ਦੀ ਪਾਲਣਾ ਵਧਾਉਣ ਵਾਸਤੇ ਬਕਾਇਆ ਦੀ ਰਿਕਵਰੀ ਲਈ ਪੰਜਾਬ ਵਨ ਟਾਇਮ ਸੈਟਲਮੈਂਟ ਸਕੀਮ 2025 (ਓ.ਟੀ.ਐਸ.) ਲਿਆਉਣ ਦੀ ਵੀ ਪ੍ਰਵਾਨਗੀ ਦੇ ਦਿੱਤੀ। ਇਹ ਸਕੀਮ ਪਹਿਲੀ ਅਕਤੂਬਰ 2025 ਤੋਂ ਲਾਗੂ ਹੋਵੇਗੀ ਅਤੇ 12 ਦਸੰਬਰ 2025 ਤੱਕ ਚੱਲੇਗੀ।

---

ਪੰਜਾਬ ਵਿਚ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਭਾਰਤ ਸਰਕਾਰ ਦੇ ਖੇਤੀਬਾੜੀ ਮੰਤਰਾਲੇ ਦੀ ਇੱਕ ਵਿਸ਼ੇਸ਼ ਟੀਮ ਵੱਲੋਂ ਬੀਤੀ ਸ਼ਾਮ ਫਾਜ਼ਿਲਕਾ ਜ਼ਿਲ੍ਹੇ ਦਾ ਦੌਰਾ ਕੀਤਾ ਗਿਆ। ਟੀਮ ਦੇ ਚੇਅਰਮੈਨ ਅਨਿਲ ਖਿਪਲ ਤੋਂ ਇਲਾਵਾ ਇਸ ਦੇ ਮੈਂਬਰ ਡਾ. ਸੁਭਾਸ਼ ਚੰਦਰ ਅਤੇ ਸ਼੍ਰੀ ਰਾਮ ਪ੍ਰਕਾਸ਼ ਮੀਨਾ ਨੇ ਸਰਹੱਦੀ ਪਿੰਡ ਮਹਾਤਮ ਨਗਰ

ਪਹੁੰਚ ਕੇ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਆਪਣੀ ਰਿਪੋਰਟ ਤਿਆਰ ਕੀਤੀ। ਇਸ ਮੌਕੇ ਭੂ-ਵਿਗਿਆਨੀ ਡਾ. ਕਾਮਿਨੀ ਵੀ ਹਾਜ਼ਰ ਸਨ। ਟੀਮ ਵੱਲੋਂ ਹੜ੍ਹਾਂ ਨਾਲ ਆਈ ਮਿੱਟੀ ਕੱਢਣ ਅਤੇ ਜ਼ਮੀਨ ਨੂੰ ਮੁੜ ਤੋਂ ਖੇਤੀਬਾੜੀ ਯੋਗ ਬਣਾਉਣ ਸਬੰਧੀ ਰਿਪੋਰਟ ਤਿਆਰ ਕੀਤੀ ਜਾ ਰਹੀ ਏ।

---------------------------------------------------------------------------

ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਲਗਪਗ ਪੰਜ ਲੱਖ ਏਕੜ ਰਕਬੇ ਵਿੱਚ ਆਪਣੀ ਫ਼ਸਲ ਗੁਆਉਣ ਵਾਲੇ ਕਿਸਾਨਾਂ ਨੂੰ ਕਣਕ ਦੇ ਦੋ ਲੱਖ ਕੁਇੰਟਲ ਬੀਜ ਮੁਫ਼ਤ ਦੇਣ ਦਾ ਫੈਸਲਾ ਕੀਤਾ ਏ। ਹੋਰ ਵੇਰਵੇ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਸੂਬੇ ਦੇ ਅਨਾਜ ਉਤਪਾਦਕਾਂ ਨੂੰ ਭਾਰੀ ਨੁਕਸਾਨ ਹੋਇਆ ਏ ਅਤੇ ਉਨ੍ਹਾਂ ਨੂੰ 74 ਕਰੋੜ ਰੁਪਏ ਦੀ ਕੀਮਤ ਦਾ ਇਹ ਦੋ ਲੱਖ ਕੁਇੰਟਲ ਬੀਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।

---------------------------------------------------------------------------

ਪੰਜਾਬ ਦੇ ਸੂਚਨਾ ਤਕਨਾਲੋਜੀ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸੰਜੀਵ ਅਰੋੜਾ ਨੇ ਖੁਲਾਸਾ ਕੀਤਾ ਕਿ ਸਾਫਟਵੇਅਰ ਕੰਪਨੀ ਇਨਫੋਸਿਸ

ਲਿਮਟਿਡ, ਰਾਜ ਵਿੱਚ 300 ਕਰੋੜ ਰੁਪਏ ਦਾ ਨਿਵੇਸ਼ ਕਰ ਕੇ ਮੋਹਾਲੀ ਵਿੱਚ ਆਪਣਾ ਵਿਸਥਾਰ ਕਰ ਰਹੀ ਏ। ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਮੰਤਰੀ ਨੇ ਕਿਹਾ ਕਿ ਪਹਿਲੇ ਪੜਾਅ ਵਿੱਚ, ਇਨਫੋਸਿਸ 3 ਲੱਖ ਵਰਗ ਫੁੱਟ ਨਿਰਮਾਣ ਖੇਤਰ ਨੂੰ ਕਵਰ ਕਰਨ ਵਾਲਾ ਇੱਕ ਨਵਾਂ ਕੈਂਪਸ ਸਥਾਪਤ ਕਰ ਰਹੀ ਏ। ਉਨ੍ਹਾਂ ਕਿਹਾ ਕਿ ਕੰਪਨੀ ਸਿੱਧੇ ਅਤੇ ਅਸਿੱਧੇ ਤੌਰ 'ਤੇ 2700 ਵਿਅਕਤੀਆਂ ਨੂੰ ਰੁਜ਼ਗਾਰ ਪ੍ਰਦਾਨ ਕਰੇਗੀ।

--------------------------------------------------------------------------------

ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਦੇ ਸੈਕਟਰ 15 ਸਥਿਤ ਆਪਣੀ ਮੰਡੀ ਵਿਖੇ "ਸਵੱਛਤਾ ਹੀ ਸੇਵਾ" 2025 ਮੁਹਿੰਮ ਵਿੱਚ ਹਿੱਸਾ ਲਿਆ । ਉਨ੍ਹਾਂ ਨੇ ਨਾਗਰਿਕਾਂ ਨੂੰ ਸਫਾਈ ਨੂੰ ਸਿਰਫ਼ ਇੱਕ ਮੁਹਿੰਮ ਨਹੀਂ ਸਗੋਂ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ 'ਤੇ ਰਾਜਪਾਲ ਨੇ ਕਿਹਾ, "ਸਵੱਛਤਾ ਜੀਵਨ ਏ, ਅਤੇ ਜਿੱਥੇ ਸਫਾਈ ਹੁੰਦੀ ਏ, ਉੱਥੇ ਪਰਮਾਤਮਾ ਵਾਸ ਕਰਦਾ ਏ। ਜਿਸ ਤਰ੍ਹਾਂ ਅਸੀਂ ਦੀਵਾਲੀ 'ਤੇ ਆਪਣੇ ਘਰਾਂ ਅਤੇ ਬਾਜ਼ਾਰਾਂ ਨੂੰ ਸਾਫ਼ ਕਰਦੇ ਹਾਂ, ਉਸੇ ਤਰ੍ਹਾਂ ਸਾਨੂੰ ਹਰ ਰੋਜ਼ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣਾ ਚਾਹੀਦਾ ਹੈ। ਸਫਾਈ ਸਾਰਿਆਂ ਦੀ ਜ਼ਿੰਮੇਵਾਰੀ ਏ।"

ਇਹ ਸਮਾਗਮ ਪੰਡਿਤ ਦੀਨਦਿਆਲ ਉਪਾਧਿਆਏ ਦੀ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਆਯੋਜਿਤ ਕੀਤਾ ਗਿਆ ਸੀ। ਰਾਜਪਾਲ ਨੇ ਕਿਹਾ ਕਿ, ਸ਼੍ਰੀ ਉਪਾਧਿਆਏ ਦੇ "ਅੰਤਯੋਦਯ" ਦੇ ਸਿਧਾਂਤ ਵਾਂਗ, ਸਫਾਈ ਸਮਾਜ ਦੇ ਹਰ ਵਰਗ ਨੂੰ ਜੋੜਨ ਅਤੇ ਸਸ਼ਕਤ ਬਣਾਉਣ ਦਾ ਇੱਕ ਸਾਧਨ ਏ। ਇਸ ਮੌਕੇ 'ਤੇ, ਵੱਡੀ ਗਿਣਤੀ ਵਿੱਚ ਨਾਗਰਿਕਾਂ, ਵਿਦਿਆਰਥੀਆਂ, ਦੁਕਾਨਦਾਰਾਂ, ਗਲੀ ਵਿਕਰੇਤਾਵਾਂ ਅਤੇ ਸਵੈ-ਇੱਛੁਕ ਸੰਗਠਨਾਂ ਨੇ "ਸ਼੍ਰਮਦਾਨ" ਮੁਹਿੰਮ ਵਿੱਚ ਹਿੱਸਾ ਲਿਆ।

---

ਪੰਜਾਬ ਦੇ ਮਿਲਕਫੈੱਡ ਕੋਆਪਰੇਟਿਵ ਦੇ ਪ੍ਰਮੁੱਖ ਬ੍ਰਾਂਡ ਵੇਰਕਾ ਨੇ ਆਪਣਾ ਨਵੀਨਤਮ ਉਤਪਾਦ ਵੇਰਕਾ ਹਾਈ ਪ੍ਰੋਟੀਨ ਪ੍ਰੋਬਾਇਓਟਿਕ ਦਹੀਂ ਲਾਂਚ ਕੀਤਾ ਏ। ਇਸ ਨਵੇਂ ਉਤਪਾਦ ਨੂੰ ਜਾਰੀ ਕਰਦਿਆਂ ਪੰਜਾਬ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਇਹ ਉਤਪਾਦ ਕਿਫ਼ਾਇਤੀ ਕੀਮਤ ‘ਤੇ ਉੱਚ ਪ੍ਰੋਟੀਨ ਅਤੇ ਪ੍ਰੋਬਾਇਓਟਿਕ ਗੁਣਾਂ ਦਾ ਵਿਲੱਖਣ ਸੁਮੇਲ ਏ। ਉਨਾਂ ਕਿਹਾ ਕਿ 350 ਗ੍ਰਾਮ ਕੱਪ ਲਈ ਸਿਰਫ਼ 55 ਰੁਪਏ ਦੀ ਕੀਮਤ ‘ਤੇ, ਵੇਰਕਾ ਦਾ ਹਾਈ ਪ੍ਰੋਟੀਨ ਪ੍ਰੋਬਾਇਓਟਿਕ ਦਹੀਂ ਵਿਗਿਆਨਕ ਤੌਰ ‘ਤੇ ਤਿਆਰ ਕੀਤੇ

ਪ੍ਰੋਬਾਇਓਟਿਕ ਮਿਸਰਣ ਦੇ ਨਾਲ ਪ੍ਰਤੀ ਪੈਕ 22 ਗ੍ਰਾਮ ਪ੍ਰੋਟੀਨ ਪ੍ਰਦਾਨ ਕਰਦਾ ਏ।

-----------------------------------------------------------------------------------

ਭਾਰਤ ਨੇ ਬੀਤੀ ਰਾਤ ਦੁਬਈ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਸੁਪਰ-Four ਵਿੱਚ ਬੰਗਲਾਦੇਸ਼ ਨੂੰ 41 ਦੌੜਾਂ ਨਾਲ ਹਰਾ ਕੇ, ਏਸ਼ੀਆ ਕੱਪ 2025 ਦੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕਰ ਲਈ ਏ। ਅੱਜ ਦੁਬਈ ਵਿੱਚ ਰਾਤ 8 ਵਜੇ, ਸੁਪਰ 4 Four ਦੇ ਇੱਕ ਹੋਰ ਮੈਚ ਵਿੱਚ, ਬੰਗਲਾਦੇਸ਼ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ।

-----------------------------------------------------------------------------------